ਮਲਾਰ ਮਹਲਾ ੫ ॥ ਗੁਰ ਸਰਣਾਈ ਸਗਲ ਨਿਧਾਨ ॥ ਸਾਚੀ ਦਰਗਹਿ ਪਾਈਐ ਮਾਨੁ ॥ ਭ੍ਰਮੁ ਭਉ ਦੂਖੁ ਦਰਦੁ ਸਭੁ ਜਾਇ ॥ ਸਾਧਸੰਗਿ ਸਦ ਹਰਿ ਗੁਣ ਗਾਇ ॥ ੧॥ ਮਨ ਮੇਰੇ ਗੁਰੁ ਪੂਰਾ ਸਾਲਾਹਿ ॥ ਨਾਮੁ ਨਿਧਾਨੁ ਜਪਹੁ ਦਿਨੁ ਰਾਤੀ ਮਨ ਚਿੰਦੇ ਫਲ ਪਾਇ ॥੧॥ ਰਹਾਉ ॥ ਸਤਿਗੁਰ ਜੇਵਡੁ ਅਵਰੁ ਨ ਕੋਇ ॥ ਗੁਰੁ ਪਾਰਬ੍ਰਹਮੁ ਪਰਮੇਸਰੁ ਸੋਇ ॥ ਜਨਮ ਮਰਣ ਦੂਖ ਤੇ ਰਾਖੈ ॥ ਮਾਇਆ ਬਿਖੁ ਫਿਰਿ ਬਹੁੜਿ ਨ ਚਾਖੈ ॥ ੨॥ ਗੁਰ ਕੀ ਮਹਿਮਾ ਕਥਨੁ ਨ ਜਾਇ ॥ ਗੁਰੁ ਪਰਮੇਸਰੁ ਸਾਚੈ ਨਾਇ ॥ ਸਚੁ ਸੰਜਮੁ ਕਰਣੀ ਸਭੁ ਸਾਚੀ ॥ ਸੋ ਮਨੁ ਨਿਰਮਲੁ ਜੋ ਗੁਰ ਸੰਗਿ ਰਾਚੀ ॥੩॥ ਗੁਰੁ ਪੂਰਾ ਪਾਈਐ ਵਡ ਭਾਗਿ ॥ ਕਾਮੁ ਕ੍ਰੋਧੁ ਲੋਭੁ ਮਨ ਤੇ ਤਿਆਗਿ ॥ ਕਰਿ ਕਿਰਪਾ ਗੁਰ ਚਰਣ ਨਿਵਾਸਿ ॥ ਨਾਨਕ ਕੀ ਪ੍ਰਭ ਸਚੁ ਅਰਦਾਸਿ ॥੪॥੪॥੨੨॥ {ਪੰਨਾ 1271}

ਪਦ ਅਰਥ:- ਨਿਧਾਨ—ਖ਼ਜ਼ਾਨੇ (ਬਹੁ-ਵਚਨ। ਨਿਧਾਨੁ—ਖ਼ਜ਼ਾਨਾ)। ਸਾਚੀ—ਸਦਾ ਕਾਇਮ ਰਹਿਣ ਵਾਲੀ। ਮਾਨੁ—ਆਦਰ। ਜਾਇ—ਦੂਰ ਹੋ ਜਾਂਦਾ ਹੈ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਗਾਇ—ਗਾਇਆ ਕਰ।1।

ਮਨ—ਹੇ ਮਨ! ਸਾਲਾਹਿ—ਸਾਲਾਹਿਆ ਕਰ। ਮਨ ਚਿੰਦੇ—ਮਨ-ਇੱਛਤ, ਮਨ-ਮੰਗੇ। ਪਾਇ—ਪਾਂਦਾ ਹੈ।1। ਰਹਾਉ।

ਜੇਵਡੁ—ਜੇਡਾ ਵੱਡਾ। ਤੇ—ਤੋਂ। ਰਾਖੈ—ਬਚਾਂਦਾ ਹੈ। ਬਿਖੁ—ਆਤਮਕ ਮੌਤ ਲਿਆਉਣ ਵਾਲੀ ਜ਼ਹਰ। ਬਹੁੜਿ—ਮੁੜ। ਨਾ ਚਾਖੈ—ਨਹੀਂ ਚੱਖਦਾ, ਸੁਆਦ ਲਾ ਲਾ ਨਹੀਂ ਖਾਂਦਾ।2।

ਮਹਿਮਾ—ਵਡਿਆਈ। ਸਾਚੈ ਨਾਇ—ਸਦਾ ਕਾਇਮ ਰਹਿਣ ਵਾਲੇ ਨਾਮ ਵਿਚ (ਟਿਕਿਆ ਰਹਿੰਦਾ ਹੈ)। ਸਚੁ—ਸਦਾ-ਥਿਰ ਹਰਿ-ਨਾਮ (ਦਾ ਸਿਮਰਨ)। ਸੰਜਮੁ—ਇੰਦ੍ਰਿਆਂ ਨੂੰ ਵਿਕਾਰਾਂ ਤੋਂ ਬਚਾਣ ਦਾ ਜਤਨ। ਕਰਣੀ—(krxIX) ਕਰਤੱਬ। ਸਾਚੀ—ਸਦਾ ਕਾਇਮ ਰਹਿਣ ਵਾਲੀ ਸਿਫ਼ਤਿ-ਸਾਲਾਹ। ਗੁਰ ਸੰਗਿ—ਗੁਰੂ ਦੀ ਸੰਗਤਿ ਵਿਚ।3।

ਵਡਭਾਗਿ—ਵੱਡੀ ਕਿਸਮਤ ਨਾਲ। ਪਾਈਐ—ਮਿਲਦਾ ਹੈ। ਮਨ ਤੇ—ਮਨ ਤੋਂ, ਮਨ ਵਿਚੋਂ। ਤਿਆਗਿ—ਤਿਆਗ ਕੇ, ਦੂਰ ਕਰਕੇ। ਕਰਿ—ਕਰ ਕੇ। ਨਿਵਾਸਿ—ਟਿਕਾਈ ਰੱਖ। ਸਚੁ—ਸਦਾ-ਥਿਰ ਹਰਿ-ਨਾਮ।4।

ਅਰਥ:- ਹੇ ਮੇਰੇ ਮਨ! ਪੂਰੇ ਗੁਰੂ ਦੀ (ਸਦਾ) ਸਿਫ਼ਤਿ-ਸਾਲਾਹ ਕਰਿਆ ਕਰ। (ਗੁਰੂ ਦੀ ਸਰਨ ਪੈ ਕੇ) ਦਿਨ ਰਾਤ ਪਰਮਾਤਮਾ ਦਾ ਨਾਮ ਜਪਿਆ ਕਰ (ਇਹੀ ਹੈ ਸਾਰੇ ਸੁਖਾਂ ਦਾ) ਖ਼ਜ਼ਾਨਾ। (ਜਿਹੜਾ ਮਨੁੱਖ ਜਪਦਾ ਹੈ, ਉਹ) ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ।1। ਰਹਾਉ।

ਹੇ ਭਾਈ! ਗੁਰੂ ਦੀ ਸਰਨ ਪਏ ਰਿਹਾਂ ਸਾਰੇ ਖ਼ਜ਼ਾਨੇ (ਮਿਲ ਜਾਂਦੇ ਹਨ); ਸਦਾ ਕਾਇਮ ਰਹਿਣ ਵਾਲੀ ਰੱਬੀ ਦਰਗਾਹ ਵਿਚ ਆਦਰ ਮਿਲਦਾ ਹੈ। ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਹਿ ਕੇ ਸਦਾ ਪਰਮਾਤਮਾ ਦੇ ਗੁਣ ਗਾਇਆ ਕਰ (ਜਿਹੜਾ ਮਨੁੱਖ ਗਾਂਦਾ ਹੈ, ਉਸ ਦਾ) ਭਰਮ; ਡਰ, ਹਰੇਕ ਦੁੱਖ-ਦਰਦ ਦੂਰ ਹੋ ਜਾਂਦਾ ਹੈ।1।

ਹੇ ਭਾਈ! (ਬਖ਼ਸ਼ਸ਼ਾਂ ਕਰਨ ਵਿਚ) ਗੁਰੂ ਦੇ ਬਰਾਬਰ ਦਾ ਹੋਰ ਕੋਈ ਨਹੀਂ। ਉਹ ਗੁਰੂ ਪਾਰਬ੍ਰਹਮ ਹੈ, ਗੁਰੂ ਪਰਮੇਸਰ ਹੈ। ਗੁਰੂ ਜੰਮਣ ਮਰਨ ਦੇ ਗੇੜ ਦੇ ਦੁੱਖਾਂ ਤੋਂ ਬਚਾਂਦਾ ਹੈ। (ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ) ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਜ਼ਹਰ ਨੂੰ ਮੁੜ ਮੁੜ ਸੁਆਦ ਲਾ ਲਾ ਕੇ ਨਹੀਂ ਚੱਖਦਾ ਰਹਿੰਦਾ।2।

ਹੇ ਭਾਈ! ਗੁਰੂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਗੁਰੂ ਪਰਮੇਸਰ (ਦਾ ਰੂਪ) ਹੈ, ਗੁਰੂ (ਪਰਮਾਤਮਾ ਦੇ) ਸਦਾ ਕਾਇਮ ਰਹਿਣ ਵਾਲੇ ਨਾਮ ਵਿਚ (ਲੀਨ ਰਹਿੰਦਾ ਹੈ)। ਪਰਮਾਤਮਾ ਦਾ ਨਾਮ ਸਿਮਰਦੇ ਰਹਿਣਾ—ਇਹੀ ਹੈ ਗੁਰੂ ਦਾ ਸੰਜਮ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੇ ਰਹਿਣਾ—ਇਹੀ ਹੈ ਗੁਰੂ ਦੀ ਕਰਣੀ। ਜਿਹੜਾ

ਮਨ ਗੁਰੂ ਦੀ ਸੰਗਤਿ ਵਿਚ ਮਸਤ ਰਹਿੰਦਾ ਹੈ ਉਹ ਮਨ ਪਵਿੱਤਰ ਹੋ ਜਾਂਦਾ ਹੈ।3।

ਹੇ ਭਾਈ! ਪੂਰਾ ਗੁਰੂ ਵੱਡੀ ਕਿਸਮਤ ਨਾਲ ਮਿਲਦਾ ਹੈ, (ਜਿਸ ਨੂੰ ਮਿਲਦਾ ਹੈ, ਉਹ ਮਨੁੱਖ ਆਪਣੇ) ਮਨ ਵਿਚੋਂ ਕਾਮ ਕ੍ਰੋਧ ਲੋਭ (ਆਦਿਕ ਵਿਕਾਰ) ਦੂਰ ਕਰ ਕੇ (ਗੁਰੂ ਦੀ ਸਰਨ ਪਿਆ ਰਹਿੰਦਾ ਹੈ)। ਹੇ ਪ੍ਰਭੂ! (ਤੇਰੇ ਸੇਵਕ) ਨਾਨਕ ਦੀ ਇਹ ਅਰਦਾਸ ਹੈ ਕਿ ਮਿਹਰ ਕਰ ਕੇ (ਮੈਨੂੰ) ਗੁਰੂ ਦੇ ਚਰਨਾਂ ਵਿਚ ਟਿਕਾਈ ਰੱਖ, ਤੇ, ਆਪਣਾ ਸਦਾ-ਥਿਰ ਨਾਮ ਬਖ਼ਸ਼।4। 4। 22।